ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

ਸਹਾਇਕ ਧੰਦੇ ਨੂੰ ਉਤਸਾਹਿਤ ਕਰਨ ਲਈ ਸਹਾਈ ਹੋ ਰਹੇ ਹਨ ਪਸ਼ੂਧਨ ਤੇ ਦੁਧ ਚੁਆਈ ਮੁਕਾਬਲੇ-ਡੀ.ਸੀ.

ਪਸ਼ੂਧਨ ਦੇ ਦੁੱਧ ਚੁਆਈ ਮੁਕਾਬਲੇ ਦਾ ਡਿਪਟੀ ਕਮਿਸ਼ਨਰ ਨੇ ਕੀਤਾ ਉਦਘਾਟਨ

ਵੱਖ-ਵੱਖ ਤਰ੍ਹਾਂ ਦੀ ਲਗਾਈਆਂ ਗਈਆਂ ਪ੍ਰਦਰਸ਼ਨੀਆਂ ਦਾ ਕੀਤਾ ਨਿਰੀਖਣ

ਜੇਤੂਆਂ ਨੂੰ ਕੀਤਾ ਸਨਮਾਨਿਤ

ਫਾਜ਼ਿਲਕਾ 13 ਅਕਤੂਬਰ

ਖੇਤੀਬਾੜੀ ਦੇ ਨਾਲ-ਨਾਲ ਕਿਸਾਨਾਂ ਵੱਲੋਂ ਪਸ਼ੂ ਪਾਲਣ ਤੇ ਹੋਰ ਅਪਣਾਏ ਜਾ ਰਹੇ ਸਹਾਇਕ ਧੰਦੇ ਬਹੁਤ ਹੀ ਲਾਭਦਾਇਕ ਸਿੱਧ ਹੋ ਰਹੇ ਹਨ। ਇਸ ਨਾਲ ਜਿੱਥੇ ਕਿਸਾਨਾਂ ਵਿੱਚ ਜਾਨਵਰਾਂ ਪ੍ਰਤੀ ਲਗਾਵ ਪੈਦਾ ਹੁੰਦਾ ਉਥੇ ਇਹ ਉਨ੍ਹਾਂ ਲਈ ਸਵੈ-ਰੋਜ਼ਗਾਰ ਦੇ ਧੰਦੇ ਵੱਜੋਂ ਵੀ ਲਾਹੇਵੰਦ ਸਾਬਿਤ ਹੁੰਦੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਸਥਾਨਕ ਸਰਕਾਰੀ ਐਮ.ਆਰ. ਕਾਲਜ ਦੇ ਗਰਾਉਂਡ ਵਿਖੇ ਲਗਾਏ ਪੰਜਾਬ ਰਾਜ ਜ਼ਿਲ੍ਹਾ ਪੱਧਰੀ ਪਸ਼ੂਧਨ ਤੇ ਦੁੱਧ ਚੁਆਈ ਮੁਕਾਬਲੇ ਦਾ ਉਦਘਾਟਨ ਕਰਨ ਉਪਰੰਤ ਸੰਬੋਧਨ ਕਰਦਿਆਂ ਕੀਤਾ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੇਲੇ ਵਿੱਚ ਦੁਧਾਰੂ ਪਸ਼ੂਆਂ ਦੇ ਦੁੱਧ ਚੁਆਈ ਅਤੇ ਚੰਗੀ ਨਸਲ ਦੇ ਪਸ਼ੂਆਂ ਦੇ ਕਰਵਾਏ ਜਾ ਰਹੇ ਮੁਕਾਬਲਿਆਂ ਦੌਰਾਨ ਕਦੇ ਵੀ ਜੀਤ ਜਾਂ ਹਾਰ ਨੂੰ ਆਪਣਾ ਉਦੇਸ਼ ਨਾ ਮੰਨਿਆ ਜਾਵੇ ਸਗੋਂ ਇਸ ਨੂੰ ਆਪਣੇ ਸ਼ੌਂਕ ਪੂਰੇ ਕਰਨ ਦੇ ਨਾਲ-ਨਾਲ ਸਹਾਇਕ ਧੰਦੇ ਵੱਜੋਂ ਅਪਣਾਇਆ ਜਾਵੇ। ਉਨ੍ਹਾਂ ਦੱਸਿਆ ਕਿ ਪਸ਼ੂਧਨ ਤੇ ਦੁੱਧ ਚੁਆਈ ਮੁਕਾਬਲਿਆਂ ਵਿੱਚ ਜੇਤੂ ਰਹੇ ਪਸ਼ੂ ਪਾਲਕਾਂ ਨੂੰ 7 ਲੱਖ ਰੁਪਏ ਦੀ ਇਨਾਮੀ ਰਾਸ਼ੀ ਵੰਡੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜੋ ਪਸ਼ੂਪਾਲਕ ਇਨ੍ਹਾਂ ਪਸ਼ੂਧਨ ਮੇਲਿਆਂ ਦੌਰਾਨ ਹਿੱਸਾ ਲੈਂਦੇ ਹਨ ਉਹ ਸਾਰੇ ਹੀ ਵਧਾਈ ਦੇ ਪਾਤਰ ਹਨ ਕਿਉਂਕਿ ਉਹ ਕੁਝ ਨਾ ਕੁਝ ਸਿੱਖ ਕੇ ਹੀ ਜਾਂਦੇ ਹਨ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜਿੱਥੇ ਕਿਸਾਨਾਂ ਨੂੰ ਖੇਤੀਬਾੜੀ ਦੇ ਨਾਲ-ਨਾਲ ਪਸ਼ੂ ਪਾਲਣ ਅਤੇ ਹੋਰ ਸਹਾਇਕ ਧੰਦੇ ਅਪਣਾਉਣ 'ਤੇ ਜ਼ੋਰ ਦਿੱਤਾ ਉਥੇ ਉਨ੍ਹਾਂ ਕਿਸਾਨਾ ਨੂੰ ਵਾਤਾਵਰਣ ਦੀ ਸੁੱਧਤਾ ਲਈ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਵੱਖ-ਵੱਖ ਵਿਭਾਗਾਂ ਵੱਲੋਂ ਤਿਆਰ ਕੀਤੀਆਂ ਗਈਆਂ ਪ੍ਰਦਰਸ਼ਨੀਆਂ ਦਾ ਵੀ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਜੇਤੂ ਪਸ਼ੂ ਪਾਲਕਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਮੇਲੇ ਦੌਰਾਨ ਵੱਖ-ਵੱਖ ਨਸਲਾਂ ਦੇ ਬਸ਼ੇਰੇ, ਘੋੜੇ, ਕੁੱਤੇ, ਬੱਕਰੀਆਂ, ਕੱਟੀਆਂ, ਵੱਛੀਆਂ ਅਤੇ ਮੱਝਾਂ ਆਦਿ ਵਿਸ਼ੇਸ਼ ਖਿੱਚ ਦਾ ਕੇਂਦਰ ਬਣੇ ਰਹੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ(ਵਿਕਾਸ) ਸ੍ਰੀ ਰਣਬੀਰ ਸਿੰਘ ਮੁੱਧਲ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਵਿਕਰਮ ਸਿੰਘ ਢਿੱਲੋਂ ਤੋਂ ਇਲਾਵਾ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਪਸ਼ੂ ਪਾਲਕ ਭਾਰੀ ਗਿਣਤੀ ਵਿੱਚ ਮੌਜੂਦ ਸਨ।

ਫੋਟੋ ਕੈਪਸ਼ਨ: 1.ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਸਥਾਨਕ ਐਮ.ਆਰ.ਕਾਲਜ ਦੇ ਗਰਾਉਂਡ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਪਸ਼ੂਧਨ ਮੇਲੇ 'ਤੇ ਦੁੱਧ ਚੁਆਈ ਮੁਕਾਬਲੇ ਦਾ ਉਦਘਾਟਨ ਕਰਦੇ ਹੋਏ।

2. ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਪਸ਼ੂਧਨ ਤੇ ਦੁੱਧ ਚੁਆਈ ਮੇਲੇ ਦੌਰਾਨ ਜੇਤੂ ਘੋੜਾ ਮਾਲਕ ਨੂੰ ਸਨਮਾਨਿਤ ਕਰਦੇ ਹੋਏ।

3. ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਡੋਗ ਸ਼ੋਅ ਦੌਰਾਨ ਇਕ ਕੁੱਤੇ ਬਾਰੇ ਜਾਣਕਾਰੀ ਹਾਸਲ ਕਰਦੇ ਹੋਏ।